# ਦਫਤਰ ਨਗਰ ਕੌਂਸਲ ਸਮਾਣਾ (ਜਿਲ੍ਹਾ ਪਟਿਆਲਾ)

## ਪਬਲਿਕ ਨੋਟਿਸ

ਨਗਰ ਕੌਂਸਲ ਸਮਾਣਾ ਵਲੋਂ ਸਰਕਾਰ ਵਲੋਂ ਕੰਟਰੈਕਟ ਤੇ ਭਰਤੀ ਕਰਨ ਲਈ ਪ੍ਰਵਾਨਤ ਅਸਾਮੀਆਂ ਵਿਰੁੱਧ ਕਿਰਤ ਵਿਭਾਗ ਪੰਜਾਬ ਵਲੋਂ ਸਮੇਂ-ਸਮੇਂ ਨਿਰਧਾਰਿਤ ਲੇਬਰ ਰੇਟ (ਡੀ.ਸੀ. ਰੇਟ) ਦੀ ਅਦਾਇਗੀ ਤੇ ਠੇਕਾ ਆਧਾਰ ਤੇ 176 ਸਫਾਈ ਸੇਵਕਾਂ ਦੀ ਨਿਯੁਕਤੀ ਕੀਤੀ ਜਾਣੀ ਹੈ। ਇਸ ਲਈ ਪੰਜਾਬ ਦੇ ਵਸਨੀਕ ਚਾਹਵਾਨ ਉਮੀਦਵਾਰਾਂ ਤੋਂ ਮਿਤੀ 23-08-2021 ਤੱਕ ਹੇਠ ਲਿਖੇ ਪ੍ਰੋਫਾਰਮੇ ਵਿੱਚ ਬਿਨੈ-ਪੱਤਰਾ (ਸਮੇਤ ਦਸਤਾਵੇਜਾਂ ਦੀਆਂ ਕਾਪੀਆਂ) ਦੀ ਮੰਗ ਕੀਤੀ ਜਾਂਦੀ ਹੈ। ਸਫਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਦੀ ਭਰਤੀ ਪੰਜਾਬ ਮਿਊਂਸਪਲ ਸਫਾਈ ਕਰਮਚਾਰੀ ਸੇਵਾ ਨਿਯਮ 1984 ਅਧੀਨ ਕੀਤੀ ਜਾਣੀ ਹੈ। ਚਾਹਵਾਨ ਉਮੀਦਵਾਰ ਮਿਤੀ 23-08-2021 ਤੱਕ ਰਜਿਸਟਰਡ ਡਾਕ ਰਾਂਹੀ ਜਾਂ ਦਸਤੀ ਤੌਰ ਤੇ ਬਿਨੈ-ਪੱਤਰ (ਸਮੇਤ ਦਸਤਾਵੇਜਾਂ ਦੀਆਂ ਕਾਪੀਆਂ) ਦਫਤਰ ਨਗਰ ਕੌਂਸਲ ਸਮਾਣਾ ਵਿਖੇ ਜਮ੍ਹਾਂ ਕਰਵਾ ਸਕਦੇ ਹਨ। ਨਿਰਧਾਰਿਤ ਮਿਤੀ ਤੋ ਬਾਅਦ ਪ੍ਰਾਪਤ ਹੋਏ ਬਿਨੈ-ਪੱਤਰਾਂ ਤੇ ਗੌਰ ਨਹੀਂ ਕੀਤਾ ਜਾਵੇਗਾ। ਚਾਹਵਾਨ ਉਮੀਦਵਾਰ ਵਲੋਂ ਬਿਨੈ-ਪੱਤਰ ਵਿੱਚ ਦਰਜ ਦਸਤਾਵੇਜਾਂ ਦੀਆਂ ਸਵੈ ਤਸਦੀਕ ਕਾਪੀਆਂ ਨਾਲ ਨੱਥੀ ਕੀਤੀਆਂ ਜਾਣ। ਇਸ ਤੋਂ ਇਲਾਵਾ ਚਾਹਵਾਨ ਉਮੀਦਵਾਰ ਵਿਰੁੱਧ ਕੋਈ ਵੀ ਫੌਜਦਾਰੀ ਕੇਸ ਨਾਂ ਚੱਲ ਰਹੇ ਹੋਣ ਸਬੰਧੀ ਸਵੈ-ਘੋਸ਼ਣਾ ਵੀ ਨਾਲ ਨੱਥੀ ਕੀਤੀ ਜਾਵੇ।

| ਅਸਾਮੀ ਦਾ ਨਾਮ | ਅਸਾਮੀਆਂ ਦੀ ਗਿਣਤੀ | ਤਨਖਾਹ ਸਕੇਲ | ਵਿੱਦਿਅਕ ਯੋਗਤਾ | ਉਮਰ (ਮਿਤੀ 01-01-2021) |
|---|---|---|---|---|
| ਸਫਾਈ ਸੇਵਕ | 70 | ਕਿਰਤ ਵਿਭਾਗ ਪੰਜਾਬ ਵਲੋਂ ਸਮੇਂ-ਸਮੇਂ ਨਿਰਧਾਰਿਤ ਲੇਬਰ ਰੇਟ (ਡੀ.ਸੀ. ਰੇਟ) | ਉਮੀਦਵਾਰ ਨੂੰ ਪੜ੍ਹਨ ਲਿਖਣ ਦੀ ਜਾਣਕਾਰੀ ਹੋਣਾ (literate) | ਉਮਰ 18 ਤੋਂ 37 ਸਾਲ ਤੱਕ |

**ਨੋਟ-**

1. ਚਾਹਵਾਨ ਉਮੀਦਵਾਰ ਦੀ ਉਮਰ ਮਿਤੀ 01-01-2021 ਨੂੰ 18 ਸਾਲ ਤੋਂ 37 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਨ੍ਹਾਂ ਨਿਯੁਕਤੀਆਂ ਵਿੱਚ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਉਮਰ ਵਿਚ ਬਣਦੀ ਛੋਟ ਦਿੱਤੀ ਜਾਵੇਗੀ।
2. ਸਰਕਾਰ ਦੀ ਹਦਾਇਤਾਂ ਅਨੁਸਾਰ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਦੀਆਂ ਨਿਯੁਕਤੀਆ ਲਈ ਸਥਾਨਕ ਸਰਕਾਰ ਵਿਭਾਗ ਵਿੱਚ ਘੱਟ ਤੋਂ ਘੱਟ 3 ਸਾਲ ਦੇ ਤਜਰਬੇ ਵਾਲੇ ਉਮੀਦਵਾਰ ਨੂੰ ਪਹਿਲ ਦਿੱਤੀ ਜਾਵੇਗੀ। ਤਜਰਬੇ ਦੇ ਅਰਸੇ (length of experience) ਦੇ ਆਧਾਰ ਤੇ weightage ਦਿੱਤੀ ਜਾਵੇ।
3. ਉਮੀਦਵਾਰ ਫਿਜੀਕਲੀ ਫਿੱਟ ਹੋਣਾ ਚਾਹੀਦਾ ਹੈ।
4. ਨਗਰ ਕੌਂਸਲ ਸਮਾਣਾ ਵਲੋਂ ਨਿਯੁਕਤ ਕੀਤੇ ਜਾ ਰਹੇ ਸਫਾਈ ਸੇਵਕ ਤੋਂ ਸਫਾਈ ਦੇ ਕੰਮ, ਨਾਲੇ-ਨਾਲੀਆਂ ਦੀ ਸਫਾਈ, ਕੂੜਾ ਲਿਫਟਿੰਗ, ਸੋਲਿਡ ਵੇਸਟ ਦੇਖਭਾਲ ਦੇ ਕੰਮ ਅਤੇ ਮਾਲੀ/ਬੇਲਦਾਰ/ਕੁਲੀ ਦਾ ਕੰਮ ਲਿਆ ਜਾ ਸਕਦਾ ਹੈ।
5. ਭਰਤੀ ਸਰਕਾਰ ਦੀਆਂ ਰਾਖਵਾਂਕਰਨ ਸਬੰਧੀ ਹਦਾਇਤਾ (ਰੋਸਟਰ) ਅਨੁਸਾਰ ਹੋਵੇਗੀ। ਇਨ੍ਹਾਂ ਨਿਯੁਕਤੀਆਂ ਵਿੱਚ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਰਿਜਰਵੇਸ਼ਨ ਪਾਲਿਸੀ ਲਾਗੂ ਕੀਤੀ ਜਾਵੇਗੀ।
6. ਸਰਕਾਰ ਦੀਆਂ ਹਦਾਇਤਾਂ/ਪ੍ਰਸ਼ਾਸਕੀ ਕਾਰਨਾਂ ਕਰਕੇ ਅਸਾਮੀਆਂ ਦੀ ਗਿਣਤੀ ਵਧਾਈ/ਘਟਾਈ ਜਾ ਸਕਦੀ ਹੈ। ਇਸ ਸਬੰਧੀ ਸੂਚਨਾ ਵੈਬਸਾਈਟ ਤੇ ਅਪਲੋਡ ਕੀਤੀ ਜਾਵੇਗੀ।
7. ਉਮੀਦਵਾਰ ਕਾਊਸਲਿੰਗ ਸਮੇਂ ਲੋੜੀਦੀ ਵਿੱਦਿਅਕ ਯੋਗਤਾ, ਤਜਰਬੇ ਸਬੰਧੀ ਅਤੇ ਰਾਖਵਾਂਕਰਨ ਆਦਿ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕ ਸੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾ ਦੇ ਹੋਣੇ ਚਾਹੀਦੇ ਹਨ। ਕਾਊਂਸਲਿੰਗ ਵਿੱਚ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ/ਡੀ.ਏ ਅਦਾ ਨਹੀ ਕੀਤਾ ਜਾਵੇਗਾ।

# ਨਗਰ ਕੌਂਸਲ ਸਮਾਣਾ, ਜਿਲ੍ਹਾ ਪਟਿਆਲਾ।

## ਕੰਨਟਰੈਕਟ ਬੇਸ ਤੇ ਸਫਾਈ ਸੇਵਕ/ਸੀਵਰਮੈਨ ਦੀ ਅਸਾਮੀ ਲਈ ਬਿਨੈ-ਪੱਤਰ

ਸਵੈ-ਤਸਦੀਕ ਫੋਟੋ ਚਿਪਕਾਈ ਜਾਵੇ।

ਅਸਾਮੀ ਦਾ ਨਾਮ - .......................

| | | |
|---|---|---|
| 1. | ਉਮੀਦਵਾਰ ਦਾ ਨਾਮ | |
| 2. | ਪਿਤਾ/ਪਤੀ ਦਾ ਨਾਮ | |
| 3. | ਜਨਮ ਮਿਤੀ (ਸਬੂਤ ਨਾਲ ਨੱਥੀ) | |
| 4. | ਉਮਰ (ਮਿਤੀ 01.01.2021 ਨੂੰ ਉਮਰ, ਸਬੂਤ ਨੱਥੀ ਕਰੋ, ਅਨਪੜ੍ਹ ਹੋਣ ਦੀ ਸੂਰਤ ਵਿੱਚ ਜਨਮ ਮਿਤੀ ਹਲਫੀਆਂ ਬਿਆਨ ਨੱਥੀ ਕਰੋ) | |
| 5. | ਜਨਮ ਦਾ ਸਥਾਨ (ਜਿਲ੍ਹਾ ਅਤੇ ਰਾਜ) | |
| 6. | ਘਰ ਦਾ ਪੱਕਾ ਪਤਾ | |
| 7. | ਪੱਤਰ ਵਿਹਾਰ ਲਈ ਪਤਾ | |
| 8. | ਟੈਲੀਫੋਨ ਨੰਬਰ/ਮੋਬਾਇਲ ਨੰਬਰ | |
| 9. | ਕੈਟਾਗਿਰੀ | |
| 10 | ਕੌਮੀਅਤ | |

11 ਵਿੱਦਿਅਕ ਯੋਗਤਾ (ਵਿੱਦਿਅਕ ਯੋਗਤਾ ਸਬੰਧੀ ਸਰਟੀਫਿਕੇਟ ਦੀ ਸਵੈ-ਤਸਦੀਕ ਕਾਪੀ ਨੱਥੀ ਕਰੋ)

| ਪਾਸ ਪ੍ਰੀਖਿਆ ਦਾ ਨਾਮ | ਬੋਰਡ ਯੂਨੀਵਰਸਿਟੀ/ | ਪ੍ਰੀਖਿਆ ਪਾਸ ਕਰਨ ਦਾ ਸਾਲ | ਕੁੱਲ ਅੰਕ | ਪ੍ਰਾਪਤ ਕੀਤੇ ਅੰਕ | ਪ੍ਰਾਪਤ ਕੀਤੇ ਅੰਕਾਂ ਦੀ ਪ੍ਰਤੀਸ਼ਤ (%) |
|---|---|---|---|---|---|
| | | | | | |
| | | | | | |
| | | | | | |

12. ਕੀ ਪੰਜਾਬੀ ਪੜ੍ਹ-ਲਿਖ ਸਕਦਾ ਹੈ? ਹਾਂ ਜਾਂ ਨਹੀ ( )

13. ੳ) ਤਜਰਬਾ (ਕਦੋ ਤੋਂ ਕਦੋ ਤੱਕ) ਸੰਸਥਾ ਦਾ ਨਾਂ –

(ਨੋਟ- ਤਜਰਬਾ ਕਮਿਸ਼ਨਰ/ਕਾਰਜ ਸਾਧਕ ਅਫਸਰ/ਸੰਸਥਾ ਦੇ ਮੁੱਖੀ ਵੱਲੋਂ ਰਿਕਾਰਡ ਦੇ ਅਧਾਰ ਤੇ ਵੈਰੀਫਾਈ ਕੀਤਾ ਜਾਵੇਗਾ।)

ਅ) ਈ.ਪੀ.ਐਫ. ਨੰਬਰ (ਜੇਕਰ ਹੈ ਤਾਂ)

ੲ) ਸੈਲਰੀ ਅਕਾਉਂਟ ਨੰਬਰ (ਬੈਂਕ ਡਿਟੇਲ)

### ਸਵੈ-ਘੋਸ਼ਣਾ

ਮੈਂ ........................ ਪੁੱਤਰ/ਪੁੱਤਰੀ ਸ੍ਰੀ .............................. ਉਮਰ .......... ਘੋਸ਼ਣਾ ਕਰਦਾ/ਕਰਦੀ ਹਾਂ ਕਿ ਮੈਂ ਪੰਜਾਬ ਦਾ ਪੱਕਾ ਵਸਨੀਕ ਹਾਂ ਅਤੇ ਮੇਰੇ ਖਿਲਾਫ ਕੋਈ ਵੀ ਫੌਜਦਾਰੀ ਕੇਸ ਨਹੀ ਚੱਲ ਰਿਹਾ। ਮੇਰੀ ਜਾਣਕਾਰੀ ਅਨੁਸਾਰ ਉਕਤ ਸੂਚਨਾ ਅਤੇ ਨੱਥੀ ਦਸਤਾਵੇਜ ਠੀਕ ਅਤੇ ਸਹੀ ਹਨ। ਇਨ੍ਹਾਂ ਵਿੱਚ ਮੈਂ ਕੋਈ ਤੱਥ ਲੁਕਾਇਆ ਨਹੀਂ ਹੈ। ਜੇਕਰ ਮੇਰੇ ਵਲੋਂ ਦਿੱਤੀ ਗਈ ਸੂਚਨਾਂ ਕਿਸੇ ਸਮੇਂ ਵੀ ਗਲਤ ਪਾਈ ਗਈ ਤਾਂ ਮੇਰੀ ਉਮੀਦਵਾਰੀ ਰੱਦ ਕਰਨ ਯੋਗ ਹੋਵੇਗੀ ਅਤੇ ਸਮੱਰਥ ਅਥਾਰਟੀ ਨੂੰ ਮੇਰੇ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਖੁੱਲ ਹੋਵੇਗੀ।

ਮਿਤੀ-

ਉਮੀਦਵਾਰ ਦੇ ਹਸਤਾਖਰ

ਸਥਾਨ -

ਨੱਥੀ ਦਸਤਾਵੇਜ - 1.

2.

3

ਪ੍ਰਧਾਨ,
ਨਗਰ ਕੌਸਲ ਸਮਾਣਾ।

ਕਾਰਜ ਸਾਧਕ ਅਫਸਰ,
ਨਗਰ ਕੌਸਲ ਸਮਾਣਾ।